**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗਰਪ੍ਰੀਤ ਸਿੰਘ, (6239122399)
ਵਾਰਡ ਨੰ:5 ਨੇੜੇ ਹਿੰਦ ਹਸਪਤਾਲ,
ਅਹਿਮਦਗੜ੍ਹ, ਜ਼ਿਲ੍ਹਾ ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ,
ਅਹਿਮਦਗੜ੍ਹ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ:1771 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-11-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਅਹਿਮਦਗੜ੍ਹ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੇ ਰਸੀਦ ਪੱਤਰ ਨੰ:2004, ਮਿਤੀ 30-10-2018 ਅਤੇ 2016, ਮਿਤੀ 02-11-2018 ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 05-08-2019 ਨਾਲ ਭੇਜੇ ਗਏ ਪੱਤਰ, ਮਿਤੀ 02-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਆਪਣਾ ਪੱਖ ਪੇਸ਼ ਕਰਨ ਲਈ ਮੌਕੇ ਦੀ ਮੰਗ ਵੀ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ, ਸ਼੍ਰੀ ਚੰਦਰ ਪ੍ਰਕਾਸ਼, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਵੱਲੋਂ ਵੀ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 05-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਸਮੇਂ ਦੀ ਮੰਗ ਕੀਤੀ ਗਈ ਹੈ। ਦੋਵਾਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 28-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 06 ਅਗਸਤ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਿਕਰਮ ਜੀਤ ਸਿੰਘ ਛਾਬੜੀ,
120 -ਬੀ /1 ਨਾਗਰ ਹਾਊਸ,
ਟੀ.ਬੀ. ਹਸਤਪਾਤ ਰੋਡ, ਪਟਿਆਲਾ । --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ , ਸਰਕਾਰੀ ਮਹਿੰਦਰਾ ਕਾਲਿਜ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ ਸਰਕਾਰੀ ਮਹਿੰਦਰਾ ਕਾਲਿਜ,
ਪਟਿਆਲਾ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:429 /2019**

**ਹਾਜ਼ਰ:-**

1) ਸ਼੍ਰੀ ਬਿਕਰਮ ਜੀਤ ਸਿੰਘ ਛਾਬੜੀ, ਸ਼ਿਕਾਇਤਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਨਿਖਿਲ ਬੱਤਾ, ਐਡਵੋਕੇਟ (98141-14155) ਅਤੇ ਸ਼੍ਰੀ ਰਵਿੰਦਰ ਸਿੰਘ, ਜੂਨੀਅਰ ਸਹਾਇਕ (97801-23443)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-09-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ , ਸਰਕਾਰੀ ਮਹਿੰਦਰਾ ਕਾਲਿਜ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2007 ਤੋਂ 2018 ਤੱਕ ਦੇ ਸਮੇਂ ਨਾਲ ਸਬੰਧਤ ਵਿਭਾਗ ਵਿੱਚ ਲਾਗੂ ਪੰਜਾਬ ਆਰ.ਟੀ.ਆਈ. ਨਿਯਮਾਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-04-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਨਿਖਿਲ ਬੱਤਾ, ਐਡਵੋਕੇਟ ਨੇ ਕਿਹਾ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਸਪੱਸ਼ਟ ਨਹੀਂ ਹੈ ਜਿਸ ਕਰਕੇ ਉਸ ਨੂੰ ਸੂਚਨਾ ਨਹੀਂ ਦਿੱਤੀ ਜਾ ਸਕੀ ਪਰੰਤੂ ਉਹ ਇਹ ਸਾਬਤ ਕਰਨ ਵਿੱਚ ਸਫਲ ਨਹੀਂ ਹੋਏ ਕਿ ਆਰ.ਟੀ.ਆਈ. ਅਰਜ਼ੀ ਕਿਵੇਂ ਸਪੱਸ਼ਟ ਨਹੀਂ ਹੈ ਅਤੇ ਨਾ ਹੀ ਕਮਿਸ਼ਨ ਨੂੰ ਜਾਂ ਸ਼ਿਕਾਇਤਕਰਤਾ ਨੂੰ ਲਿਖਿਆ ਗਿਆ ਕੋਈ ਪੱਤਰ ਹੀ ਪੇਸ਼ ਕਰ ਸਕੇ।ਉਪਰੰਤ ਉਨ੍ਹਾਂ ਵੱਲੋਂ ਆਪਣਾ ਜਵਾਬ ਪੇਸ਼ ਕਰਨ ਲਈ ਸਮੇਂ ਦੀ ਮੰਗ ਕੀਤੀ ਗਈ।ਇਸ ਲਈ ਸ਼੍ਰੀਮਤੀ ਤ੍ਰਿਪਤੀ ਸ਼ਰਮਾ, ਆਫੀਸ਼ੀਏਟਿੰਗ ਪ੍ਰਿੰਸੀਪਲ-ਕਮ-ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਆਪਣਾ ਵਿਸਥਾਰ-ਪੂਰਵਕ ਜਵਾਬ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 14-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 06 ਅਗਸਤ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:1739/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ .(78887-41866) ਦਫ਼ਤਰ ਸੀ.ਪੀ.ਓ. ਲੁਧਿਆਣਾ ਅਤੇ ਸ਼੍ਰੀ ਗੁਰਮੀਤ ਸਿੰਘ, ਜੂਨੀਅਰ ਸਹਾਇਕ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-02-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 13-01-2019 ਨੂੰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਭੇਜੇ ਗਏ ਪੱਤਰ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-03-2019 ਨੂੰ ਪਹਿਲੀ ਅਪੀਲੀ ਅਥਾਰਟੀ 1ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ ਦਫ਼ਤਰ ਸੀ.ਪੀ.ਓ. ਲੁਧਿਆਣਾ ਨੇ ਪੱਤਰ ਨੰ:264-ਡੀ, ਮਿਤੀ 05-08-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਦੇ ਪੱਤਰ ਨੰ:32/ਐਫ.ਏ./ਆਰ.ਟੀ.ਆਈ.ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਕਿ ਉਸ ਦੀ ਸ਼ਿਕਾਇਤ ਬਾਰੇ ਅਜੇ ਤਫਤੀਸ਼ ਚੱਲ ਰਹੀ ਹੈ ਜਿਸ ਕਰਕੇ ਆਰੀ.ਟੀ.ਆਈ. ਐਕਟ, 2005, ਦੀ ਧਾਰਾ 8(ਐਚ) ਤਹਿਤ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਆਪਣਾ ਪੱਖ ਪੇਸ਼ ਕਰਨ ਲਈ ਸਮੇਂ ਦੀ ਮੰਗ ਕੀਤੀ ਹੈ। ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 06 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:1740/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬੂਟਾ ਸਿੰਘ, ਕਲਰਕ(98147-18761) ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-02-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 31-12-2018 ਨੂੰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਭੇਜੇ ਗਏ ਪੱਤਰ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-03-2019 ਨੂੰ ਪਹਿਲੀ ਅਪੀਲੀ ਅਥਾਰਟੀ 1ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬੂਟਾ ਸਿੰਘ, ਕਲਰਕ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੇ ਜ਼ੁਬਾਨੀ ਤੌਰ ਤੇ ਦੱਸਿਆ ਹੈ ਕਿ ਹਥਲੇ ਕੇਸ ਨਾਲ ਬਿਲਕੁੱਲ ਮਿਲਦਾ-ਜੁਲਦਾ ਕੇਸ ਰਾਜ ਸੂਚਨਾ ਕਮਿਸ਼ਨਰ (ਸ਼੍ਰੀਮਤੀ ਪ੍ਰੀਤੀ ਚਾਵਲਾ) ਜੀ ਕੋਲ ਪਹਿਲਾਂ ਹੀ ਚੱਲ ਰਿਹਾ ਹੈ ਜਿਸ ਦੀ ਪੇਸ਼ੀ ਲਈ ਅਗਲੀ ਮਿਤੀ 02-09-2019 ਨਿਸਚਿਤ ਕੀਤੀ ਹੋਈ ਹੈ। ਇਸ ਲਈ ਉਸ ਵੱਲੋਂ ਇਹ ਕੇਸ ਵੀ ਮਿਤੀ 02-09-2019 ਨੂੰ ਪੇਸ਼ੀ ਲਈ ਨਿਸਚਿਤ ਕਰਨ ਲਈ ਬੇਨਤੀ ਕੀਤੀ ਗਈ ਹੈ। ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਆਪਣਾ ਪੱਖ ਪੇਸ਼ ਕਰਨ ਲਈ ਸਮੇਂ ਦੀ ਮੰਗ ਕੀਤੀ ਹੈ। ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 06 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਜੇ ਸ਼ਰਮਾ,
ਪੁੱਤਰ ਸ਼੍ਰੀ ਮੰਗਤ ਰਾਮ ਸ਼ੁਰਮਾ,
ਮਕਾਨ ਨੰ: ਬੀ-33/2184,
ਭਗਵਾਨ ਦਾਸ ਕਲੌਨੀ, ਸਲੇਮ ਟਾਬਰੀ ,
ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਹਾਇਕ ਕਮਿਸ਼ਨਰ ਪੁਲਿਸ, ਟਰੈਫਿਕ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੁਲਿਸ ਕਮਿਸ਼ਨਰ, ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ: 1766/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ .(78887-41866) ਦਫ਼ਤਰ ਸੀ.ਪੀ.ਓ. ਲੁਧਿਆਣਾ ਅਤੇ ਸ਼੍ਰੀ ਉੱਕਾਰ ਸਿੰਘ, ਏ.ਐਸ.ਆਈ. (ਟ੍ਰੈਫਿਕ) (94174-83283)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-03-2019, ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਕਮਿਸ਼ਨਰ ਪੁਲਿਸ, ਟਰੈਫਿਕ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਟਰੈਫਿਕ ਪੁਲਿਸ ਵਿਭਾਗ ਕੋਲੋ ਮੌਜੂਦ ਪ੍ਰਾਈਵੇਟ ਅਤੇ ਸਰਕਾਰੀ ਟੋਇੰਗ ਵਹੀਕਲਾਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 06-8-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਸ ਕੇਸ ਦੀ ਸੁਣਵਾਈ ਵੀਡਿਓ ਕਾਨਫਰੰਸ ਰਾਹੀਂ ਕਰਨ ਦੀ ਬੇਨਤੀ ਕੀਤੀ ਗਈ ਹੈ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ ਦਫ਼ਤਰ ਸੀ.ਪੀ.ਓ. ਲੁਧਿਆਣਾ ਨੇ ਪੱਤਰ ਨੰ:262-ਡੀ, ਮਿਤੀ 03-08-2019 ਪੇਸ਼ ਕੀਤਾ ਹੈ ਜਿਸ ਰਾਹੀਂ ਸਹਾਇਕ ਕਮਿਸ਼ਨਰ, ਪੁਲਿਸ, ਸਿਟੀ ਟ੍ਰੈਫਿਕ, ਲੁਧਿਆਣਾ ਨੂੰ ਇਸ ਕੇਸ ਵਿੱਚ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਾਉਣ ਬਾਰੇ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਸਹਾਇਕ ਕਮਿਸ਼ਨਰ, ਪੁਲਿਸ, ਸਿਟੀ ਟ੍ਰੈਫਿਕ, ਲੁਧਿਆਣਾ ਵੱਲੋਂ ਹਾਜ਼ਰ, ਸ਼੍ਰੀ ਉੱਕਾਰ ਸਿੰਘ, ਏ.ਐਸ.ਆਈ. (ਟ੍ਰੈਫਿਕ) ਨੇ ਆਪਣੇ ਪੱਤਰ ਨੰ:352/5ਏ/ਏ.ਸੀ.ਪੀ., ਮਿਤੀ 26-07-2019 ਰਾਹੀਂ ਆਪਣਾ ਜਵਾਬ ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਸਿੱਧੇ ਜਾਂ ਅਸਿੱਧੇ ਤੌਰ ਤੇ ਅਪੀਲਕਰਤਾ ਨਾਲ ਨਾ ਹੋਣ ਕਾਰਨ ਆਰ.ਟੀ.ਆਈ. ਐਕਟ, 2005 ਦੀ ਧਾਰਾ 08 ਤਹਿਤ ਮੁਹੱਈਆ ਨਹੀਂ ਕਰਵਾਈ ਜਾ ਸਕਦੀ।

4. ਹਾਜ਼ਰ ਉੱਤਰਦਾਤਾ, ਸ਼੍ਰੀ ਉੱਕਾਰ ਸਿੰਘ, ਏ.ਐਸ.ਆਈ. (ਟ੍ਰੈਫਿਕ) ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਇਹ ਜਵਾਬ ਸਹੀ ਨਹੀਂ ਕਿਉਂਕਿ ਇਹ ਜਵਾਬ ਅਪੀਲਕਰਤਾ ਦੀ ਆਰ.ਟੀ.ਆਈ.ਅਰਜ਼ੀ ਦੇ ਅਨੁਕੂਲ ਨਹੀਂ ਹੈ।ਹਾਜ਼ਰ ਉੱਤਰਦਾਤਾ ਨੂੰ ਆਰ.ਟੀ.ਆਈ.ਅਰਜ਼ੀ ਮੁਤਾਬਿਕ ਜਵਾਬ ਪੇਸ਼ ਕਰਨ ਲਈ ਸਮਝਾ ਦਿੱਤਾ ਗਿਆ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 1766/2019

ਹੈ।ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਮੁਤਾਬਿਕ, ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸਬੰਧੀ ਨੁਕਤਾਵਾਰ ਜਵਾਬ ਪੇਸ਼ੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 06 **ਅਗਸਤ,** 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਵਿੰਦਰ ਕੁਮਾਰ, (99144-55999)
ਪੁੱਤਰ ਸ਼੍ਰੀ ਚਮਨ ਲਾਲ ਮਾਰਫਤ ਭਾਰਤ ਸਟੋਰ ,
ਦੂਜੀ ਮੰਜਿਲ, ਸੁਦਰਸ਼ਨ ਮਾਰਕੀਟ,
ਕੈਰੋਂ ਮਾਰਕੀਟ ਦੇ ਸਾਹਮਣੇ,
ਹਾਲ ਬਜ਼ਾਰ, ਅੰਮ੍ਰਿਤਸਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ (ਦਿਹਾਤੀ),
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਸੀਨੀਅਰ ਕਪਤਾਨ, ਪੁਲਿਸ (ਦਿਹਾਤੀ),
ਅੰਮ੍ਰਿਤਸਰ। --------ਉੱਤਰਦਾਤਾ

**ਅਪੀਲ ਕੇਸ ਨੰ: 1767/2019**

**ਹਾਜ਼ਰ:-**

1) ਸ਼੍ਰੀ ਰਵਿੰਦਰ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. (97800-16624)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-01-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ (ਦਿਹਾਤੀ),ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਵੱਖ-ਵੱਖ ਧਾਰਾਵਾਂ ਅਧੀਨ ਪੁਲਿਸ ਥਾਣਾ, ਕੰਬੋ(ਦਿਹਾਤੀ), ਅੰਮ੍ਰਿਤਸਰ ਵਿਖੇ ਦਰਜ ਐਫ.ਆਈ. ਆਰ. ਨੰ:83, ਮਿਤੀ 11-05-2016 ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09 -05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ।ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. ਨੇ ਪੱਤਰ ਨੰ:40047/ ਆਰ.ਟੀ.ਆਈ., ਮਿਤੀ 05-06-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਮੁਕੱਦਮੇ ਦੀ ਪੜਤਾਲ ਐਸ.ਪੀ.ਡੀ., ਅੰਮ੍ਰਿਤਸਰ (ਦਿਹਾਤੀ) ਵੱਲੋਂ ਕੀਤੀ ਜਾ ਰਹੀ ਹੈ ਜਿਸ ਦੀ ਇੰਨਕੁਆਰੀ ਰਿਪੋਰਟ ਆਉਣੀ ਬਾਕੀ ਹੈ, ਮੁਕੱਦਮਾ ਜੇਰੇ ਤਫਤੀਸ਼ ਹੈ ਅਤੇ ਇੰਨਕੁਆਰੀ ਰਿਪੋਰਟ ਆਉਣ ਤੇ ਅਪੀਲਕਰਤਾ ਨੂੰ ਦੇ ਦਿੱਤੀ ਜਾਵੇਗੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਮਿਸਲ ਤੇ ਰੱਖ ਲਿਆ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 1767/2019

ਗਿਆ ਹੈ ਅਤੇ ਇਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਦਸਤੀ ਦੇ ਦਿੱਤੀ ਗਈ ਹੈ।

3. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਲਈ ਕਮਿਸ਼ਨ ਦੇ ਪੱਧਰ ਤੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਫਿਰ ਵੀ ਐਸ.ਪੀ.ਡੀ., ਅੰਮ੍ਰਿਤਸਰ (ਦਿਹਾਤੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਮਾਮਲੇ ਨਾਲ ਸਬੰਧਤ ਪੜਤਾਲ ਤੇਜ਼ੀ ਨਾਲ ਮੁਕੰਮਲ ਕਰਕੇ ਪੜਤਾਲ ਰਿਪੋਰਟ ਦੀ ਕਾਪੀ ਅਪੀਲਕਰਤਾ ਨੂੰ ਦੇ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 06 **ਅਗਸਤ,** 2019.

**ਕਾਪੀ:-**

ਐਸ.ਪੀ.ਡੀ., ਅੰਮ੍ਰਿਤਸਰ (ਦਿਹਾਤੀ)

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜੇਅੰਤ ਪੁੱਤਰ ਹਰੀਸ਼ ਚੰਦਰ (ਕੁਮਾਰ), (98035 23535)
ਗੋਇਲ ਅਯੁਰਵੈਦਿਕ ਸਟੋਰ,
ਚੈਨਾ ਬਜਾਰ, ਜੈਤੋ-151202
ਜ਼ਿਲ੍ਹਾ ਫਰੀਦਕੋਟ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ,
ਗੁਰੂ ਰਵੀਦਾਸ ਆਯੂਰਵੈਦਿਕ ਯੂਨੀਵਰਸਿਟੀ,
ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ,
ਗੁਰੂ ਰਵੀਦਾਸ ਆਯੂਰਵੈਦਿਕ ਯੂਨੀਵਰਸਿਟੀ,
ਹੁਸ਼ਿਆਰਪੁਰ। -------ਉੱਤਰਦਾਤਾ

**ਅਪੀਲ ਕੇਸ ਨੰ: 1880 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਮੇਜ਼ ਚੰਦ, ਡਾਟਾ ਐਂਟਰੀ ਓਪਰੇਟਰ (97810-23626)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-05-2019, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਗੁਰੂ ਰਵੀਦਾਸ ਆਯੂਰਵੈਦਿਕ ਯੂਨੀਵਰਸਿਟੀ, ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਚੌਥਾ ਸਾਲ, 2018, ਸੈਸ਼ਨ ਮਹੀਨਾ ਨਵੰਬਰ/ਦਿਸੰਬਰ ਸੈਸ਼ਨ ਵਿੱਚ ਪ੍ਰੈਕਟਿਸ ਆਫ ਮੈਡੀਸਿਨ ਲਈ ਦਿੱਤੇ ਗਏ ਪੇਪਰਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਗੁਰਮੇਜ਼ ਚੰਦ, ਡਾਟਾ ਐਂਟਰੀ ਓਪਰੇਟਰ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:GRAU/REG/ 2019/1112, ਮਿਤੀ 10-07-2019, ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ ਕਿ ਉਨ੍ਹਾਂ ਦੇ ਪੱਤਰ ਨੰ: GRAU/REG/2019/819, ਮਿਤੀ 22-05-2019, ਰਾਹੀਂ ਅਪੀਲਕਰਤਾ ਨੂੰ 2000/-ਰੁਪਏ ਪ੍ਰਤੀ ਉੱਤਰ-ਕਾਪੀ ਫੀਸ ਜਮ੍ਹਾਂ ਕਰਾਉਣ ਲਈ ਲਿਖਿਆ ਗਿਆ ਸੀ ਪਰੰਤੂ ਅਪੀਲਕਤਾ ਵੱਲੋਂ ਬਣਦੀ ਫੀਸ ਜਮ੍ਹਾਂ ਨਹੀਂ ਕਰਵਾਈ ਗਈ। ਉੱਤਰਦਾਤਾ ਵੱਲੋਂ ਸਮੇਂ ਸਿਰ ਅਪੀਲਕਰਤਾ ਨੂੰ ਫੀਸ ਜਮ੍ਹਾਂ ਕਰਾਉਣ ਲਈ ਲਿਖਿਆ ਗਿਆ ਸੀ। ਇਸ ਕਰਕੇ ਉੱਤਰਦਾਤਾ ਦਾ ਜਵਾਬ ਸਹੀ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:1880/2019**

ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਨਿਯਮਾਂ ਤਹਿਤ ਬਣਦੀ ਫੀਸ ਜਮ੍ਹਾਂ ਕਰਵਾ ਕੇ ਲੋੜੀਂਦੀ ਸੂਚਨਾ ਪ੍ਰਾਪਤ ਕਰ ਲਈ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 26-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 06 ਅਗਸਤ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਧੀਰ ਸ਼ਰਮਾ,
ਮਾਰਫ਼ਤ ਸ਼ਿਵ ਐਂਟਰਪ੍ਰਾਈਜਿਜ਼,
ਸਾਹਮਣੇ ਤ੍ਰਿਵੈਣੀ ਪੈਲੇਸ, ਪਟਿਆਲਾ ਰੋਡ,ਨਾਭਾ,
ਜ਼ਿਲ੍ਹਾ ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੈਨੇਜਿੰਗ ਡਾਇਰੈਕਟਰ,
ਪੰਜਾਬ ਵਿੱਤੀ ਕਾਰਪੋਰੇਸ਼ਨ, ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਾਇਰੈਕਟਰ,
ਪੰਜਾਬ ਵਿੱਤੀ ਕਾਰਪੋਰੇਸ਼ਨ, ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:1376 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੰਜੀਵ ਭੰਡਾਰੀ, ਸਹਾਇਕ ਲੋਕ ਸੂਚਨਾ ਅਧਿਕਾਰੀ (98888-81059)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-11-2018, ਲੋਕ ਸੂਚਨਾ ਅਧਿਕਾਰੀ ਦਫਤਰ ਮੈਨੇਜਿੰਗ ਡਾਇਰੈਕਟਰ, ਪੰਜਾਬ ਵਿੱਤੀ ਕਾਰਪੋਰੇਸ਼ਨ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-1995 ਤੋਂ 20-11-2018 ਤੱਕ ਪੰਜਾਬ ਵਿੱਤੀ ਕਾਰਪੋਰੇਸ਼ਨ ਦੇ ਕਿਸੇ ਵੀ ਦਫ਼ਤਰ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 16-07-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੰਜੀਵ ਭੰਡਾਰੀ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:ਪੀ.ਐਫ.ਸੀ./ਲੀਗਲ/2019/1090, ਮਿਤੀ 28-05-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਸੀ, ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਕਿਹਾ ਸੀ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਨੁਕਤਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ ਮਿਤੀ 15-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉੱਤਰਦਾਤਾ ਵੱਲੋਂ ਆਪਣੇ ਪੱਤਰ ਮਿਤੀ 28-05-2019 ਰਾਹੀਂ ਉਸ ਨੂੰ ਭੇਜੀ ਗਈ ਸੂਚਨਾ ਅਧੂਰੀ ਹੈ ਅਤੇ ਉਹ ਉਸ ਤੋਂ ਸੰਤੁਸ਼ਟ ਨਹੀਂ ਹੈ। ਇਸ ਲਈ ਉਸ ਵੱਲੋਂ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਸੀ।

3. ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੰਜੀਵ ਭੰਡਾਰੀ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਆਪਣਾ ਲਿਖਤੀ ਬਿਆਨ, ਮਿਤੀ 06-08-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:ਪੀ.ਐਫ.ਸੀ./ਲੀਗਲ/2018/33, ਮਿਤੀ 04-01-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:1376/2019**

ਜਾ ਚੁੱਕੀ ਹੈ ਪਰੰਤੂ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਅਪੀਲ ਕੇਸ ਡਿਸਮਿਸ ਕਰਨ ਦੀ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

5. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਪੱਤਰ ਮਿਤੀ 30-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਸ ਨੂੰ ਉੱਤਰਦਾਤਾ ਵੱਲੋਂ ਕੋਈ ਜਵਾਬ ਪ੍ਰਾਪਤ ਨਹੀਂ ਹੋਇਆ।ਇਸ ਲਈ ਉਸ ਵੱਲੋਂ ਸਪੱਸ਼ਟ ਰੂਪ ਵਿੱਚ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ।ਅਪੀਲਕਰਤਾ ਵੱਲੋਂ ਇਸ ਪੱਤਰ ਦੀ ਕਾਪੀ ਲੋਕ ਸੂਚਨਾ ਅਧਿਕਾਰੀ ਨੂੰ ਨਹੀਂ ਭੇਜੀ ਗਈ ਅਤੇ ਨਾ ਹੀ ਇਸ ਪੱਤਰ ਵਿੱਚ ਸੂਚਨਾ ਵਿੱਚ ਪਾਈ ਗਈ ਕਿਸੇ ਤਰੁੱਟੀ ਦਾ ਜ਼ਿਕਰ ਕੀਤਾ ਗਿਆ ਹੈ।

6. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਅਪੀਲਕਰਤਾ ਵੱਲੋਂ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਨਹੀਂ ਕੀਤਾ ਗਿਆ।ਇਸ ਕਰ ਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਤਸੱਲੀਬਖ਼ਸ਼ ਪਾਇਆ ਜਾਂਦਾ ਹੈ ਜਿਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 06 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਧੀਰ ਸ਼ਰਮਾ,
ਮਾਰਫ਼ਤ ਸ਼ਿਵ ਐਂਟਰਪ੍ਰਾਈਜਿਜ਼,
ਸਾਹਮਣੇ ਤ੍ਰਿਵੈਣੀ ਪੈਲੇਸ, ਪਟਿਆਲਾ ਰੋਡ,ਨਾਭਾ,
ਜ਼ਿਲ੍ਹਾ ਪਟਿਆਲਾ।                                                        -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੈਨੇਜਿੰਗ ਡਾਇਰੈਕਟਰ,
ਪੰਜਾਬ ਵਿੱਤੀ ਕਾਰਪੋਰੇਸ਼ਨ, ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਾਇਰੈਕਟਰ,
ਪੰਜਾਬ ਵਿੱਤੀ ਕਾਰਪੋਰੇਸ਼ਨ, ਪੰਜਾਬ, ਚੰਡੀਗੜ੍ਹ।                                  -------ਉੱਤਰਦਾਤਾ

**ਅਪੀਲ ਕੇਸ ਨੰ:1378 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੰਜੀਵ ਭੰਡਾਰੀ, ਸਹਾਇਕ ਲੋਕ ਸੂਚਨਾ ਅਧਿਕਾਰੀ (98888-81059)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-11-2018, ਲੋਕ ਸੂਚਨਾ ਅਧਿਕਾਰੀ ਦਫਤਰ ਮੈਨੇਜਿੰਗ ਡਾਇਰੈਕਟਰ, ਪੰਜਾਬ ਵਿੱਤੀ ਕਾਰਪੋਰੇਸ਼ਨ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-1995 ਤੋਂ 20-11-2018 ਤੱਕ ਪੰਜਾਬ ਵਿੱਤੀ ਕਾਰਪੋਰੇਸ਼ਨ ਵੱਲੋਂ ਦਿੱਤੇ ਗਏ ਲੋਨ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-07-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 16-07-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੰਜੀਵ ਭੰਡਾਰੀ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:ਪੀ.ਐਫ.ਸੀ./ਲੀਗਲ/2019/1090, ਮਿਤੀ 28-05-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਸੀ, ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਕਿਹਾ ਸੀ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਨੁਕਤਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ ਮਿਤੀ 15-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉੱਤਰਦਾਤਾ ਵੱਲੋਂ ਆਪਣੇ ਪੱਤਰ ਮਿਤੀ 28-05-2019 ਰਾਹੀਂ ਉਸ ਨੂੰ ਭੇਜੀ ਗਈ ਸੂਚਨਾ ਅਧੂਰੀ ਹੈ ਅਤੇ ਉਹ ਉਸ ਤੋਂ ਸੰਤੁਸ਼ਟ ਨਹੀਂ ਹੈ। ਇਸ ਲਈ ਉਸ ਵੱਲੋਂ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਸੀ।

3. ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11-30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

4. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੰਜੀਵ ਭੰਡਾਰੀ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਆਪਣਾ ਲਿਖਤੀ ਬਿਆਨ, ਮਿਤੀ 06-08-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:ਪੀ.ਐਫ.ਸੀ./ਲੀਗਲ/2018/33, ਮਿਤੀ 04-01-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:1378/2019**

ਜਾ ਚੁੱਕੀ ਹੈ ਪਰੰਤੂ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਅਪੀਲ ਕੇਸ ਡਿਸਮਿਸ ਕਰਨ ਦੀ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

5. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਪੱਤਰ ਮਿਤੀ 30-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਸ ਨੂੰ ਉੱਤਰਦਾਤਾ ਵੱਲੋਂ ਕੋਈ ਜਵਾਬ ਪ੍ਰਾਪਤ ਨਹੀਂ ਹੋਇਆ।ਇਸ ਲਈ ਉਸ ਵੱਲੋਂ ਸਪੱਸ਼ਟ ਰੂਪ ਵਿੱਚ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ।ਅਪੀਲਕਰਤਾ ਵੱਲੋਂ ਇਸ ਪੱਤਰ ਦੀ ਕਾਪੀ ਲੋਕ ਸੂਚਨਾ ਅਧਿਕਾਰੀ ਨੂੰ ਨਹੀਂ ਭੇਜੀ ਗਈ ਅਤੇ ਨਾ ਹੀ ਇਸ ਪੱਤਰ ਵਿੱਚ ਸੂਚਨਾ ਵਿੱਚ ਪਾਈ ਗਈ ਕਿਸੇ ਤਰੁੱਟੀ ਦਾ ਜ਼ਿਕਰ ਕੀਤਾ ਗਿਆ ਹੈ।

6. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਅਪੀਲਕਰਤਾ ਵੱਲੋਂ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਨਹੀਂ ਕੀਤਾ ਗਿਆ।ਇਸ ਕਰ ਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਤਸੱਲੀਬਖ਼ਸ਼ ਪਾਇਆ ਜਾਂਦਾ ਹੈ ਜਿਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 06 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਧੀਰ ਸ਼ਰਮਾ,
ਮਾਰਫ਼ਤ ਸ਼ਿਵ ਐਂਟਰਪ੍ਰਾਈਜਿਜ਼,
ਸਾਹਮਣੇ ਤ੍ਰਿਵੈਣੀ ਪੈਲੇਸ, ਪਟਿਆਲਾ ਰੋਡ,ਨਾਭਾ,
ਜ਼ਿਲ੍ਹਾ ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੈਨੇਜਿੰਗ ਡਾਇਰੈਕਟਰ,
ਪੰਜਾਬ ਵਿੱਤੀ ਕਾਰਪੋਰੇਸ਼ਨ, ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਾਇਰੈਕਟਰ,
ਪੰਜਾਬ ਵਿੱਤੀ ਕਾਰਪੋਰੇਸ਼ਨ, ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:1379 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੰਜੀਵ ਭੰਡਾਰੀ, ਸਹਾਇਕ ਲੋਕ ਸੂਚਨਾ ਅਧਿਕਾਰੀ (98888-81059)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-11-2018, ਲੋਕ ਸੂਚਨਾ ਅਧਿਕਾਰੀ ਦਫਤਰ ਮੈਨੇਜਿੰਗ ਡਾਇਰੈਕਟਰ, ਪੰਜਾਬ ਵਿੱਤੀ ਕਾਰਪੋਰੇਸ਼ਨ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-04-1995 ਤੋਂ 20-11-2018 ਤੱਕ ਪੰਜਾਬ ਸਰਕਾਰ ਅਤੇ ਭਾਰਤ ਸਰਕਾਰ ਵੱਲੋਂ ਪੰਜਾਬ ਵਿੱਤੀ ਕਾਰਪੋਰੇਸ਼ਨ ਨੂੰ ਪੰਜਾਬ ਵਿੱਚ ਉਦਯੋਗਾਂ ਅਤੇ ਹੋਰ ਕਾਰੋਬਾਰਾਂ ਦੀ ਬਿਹਤਰੀ ਲਈ ਮੁਹੱਈਆ ਕੀਤੇ ਗਏ ਫੰਡਾਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 16-07-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੰਜੀਵ ਭੰਡਾਰੀ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:ਪੀ.ਐਫ.ਸੀ./ਲੀਗਲ/2019/1090, ਮਿਤੀ 28-05-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਸੀ, ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਕਿਹਾ ਸੀ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਨੁਕਤਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ ਮਿਤੀ 15-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉੱਤਰਦਾਤਾ ਵੱਲੋਂ ਆਪਣੇ ਪੱਤਰ ਮਿਤੀ 28-05-2019 ਰਾਹੀਂ ਉਸ ਨੂੰ ਭੇਜੀ ਗਈ ਸੂਚਨਾ ਅਧੂਰੀ ਹੈ ਅਤੇ ਉਹ ਉਸ ਤੋਂ ਸੰਤੁਸ਼ਟ ਨਹੀਂ ਹੈ। ਇਸ ਲਈ ਉਸ ਵੱਲੋਂ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਸੀ।

3. ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੰਜੀਵ ਭੰਡਾਰੀ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਆਪਣਾ ਲਿਖਤੀ ਬਿਆਨ, ਮਿਤੀ 06-08-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:1379/2019**

ਆਪਣੇ ਪੱਤਰ ਨੰ:ਪੀ.ਐਫ.ਸੀ./ਲੀਗਲ/2018/33, ਮਿਤੀ 04-01-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਪਰੰਤੂ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਅਪੀਲ ਕੇਸ ਡਿਸਮਿਸ ਕਰਨ ਦੀ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

5. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਕੋਈ ਪੱਤਰ ਪ੍ਰਾਪਤ ਹੋਇਆ ਹੈ।

6. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਅਪੀਲਕਰਤਾ ਵੱਲੋਂ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਨਹੀਂ ਕੀਤਾ ਗਿਆ। ਅਪੀਲਕਰਤਾ ਦਾ ਅੱਜ ਹਾਜ਼ਰ ਨਾ ਹੋਣਾ ਅਤੇ ਨਾ ਹੀ ਲੋਕ ਸੂਚਨਾ ਅਧਿਕਾਰੀ ਨੂੰ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਸੂਚਿਤ ਕਰਨਾਂ ਇਹ ਜ਼ਾਹਿਰ ਕਰਦਾ ਹੈ ਕਿ ਉਹ ਪ੍ਰਾਪਤ ਸੂਚਨਾ ਤੋਂ ਸਤੁੰਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ ਜਿਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 06 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੁਪਿੰਦਰ ਸਿੰਘ (ਮੋਬ: 94170-16572)
ਪੁੱਤਰ ਸ਼੍ਰੀ ਅਜੀਤ ਸਿੰਘ,
ਮਕਾਨ ਨੰ:23, ਆਤਮ ਨਗਰ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਿਪਟੀ ਕਮਿਸ਼ਨਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 947/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਅਲਕਾ, ਕਲਰਕ (95012-34202) ਦਫ਼ਤਰ ਤਹਿਸੀਲਦਾਰ (ਪੂਰਬੀ) ਲੁਧਿਆਣਾ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 10-07-2019 ਤੇ ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ ਲੁਧਿਆਣਾ (ਦੱਖਣੀ) ਨੂੰ ਹਦਾਇਤ ਕੀਤੀ ਗਈ ਸੀ ਕਿ ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ ਲੁਧਿਆਣਾ (ਪੂਰਬੀ) ਨਾਲ ਤਾਲਮੇਲ ਕਰਕੇ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਅਧਿਕਾਰਿਤ ਨੁਮਾਇੰਦੇ, ਸ਼੍ਰੀ ਸਰਬਜੀਤ ਸਿੰਘ ਕਾਹਲੋਂ ਰਾਹੀਂ ਈ.ਮੇਲ. ਮਿਤੀ 05-08-2019 ਰਾਹੀਂ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਅਲਕਾ, ਕਲਰਕ ਦਫ਼ਤਰ ਤਹਿਸੀਲਦਾਰ (ਪੂਰਬੀ) ਲੁਧਿਆਣਾ ਨੇ ਪਹਿਲਾਂ ਕਿਹਾ ਕਿ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਦਾ ਸਬੰਧ ਤਹਿਸੀਲਦਾਰ (ਦੱਖਣੀ) ਨਾਲ ਹੈ ਪਰੰਤੂ ਬਾਅਦ ਵਿੱਚ ਕਿਹਾ ਗਿਆ ਕਿ ਦਿੱਤੀ ਜਾ ਵਾਲੀ ਸੂਚਨਾ ਦਾ ਸਬੰਧ ਤਹਿਸੀਲਦਾਰ (ਕੇਂਦਰੀ) ਨਾਲ ਹੈ। ਇਸ ਤਰ੍ਹਾਂ ਹਾਜ਼ਰ ਉੱਤਰਦਾਤਾ ਇਹ ਸਪੱਸ਼ਟ ਨਹੀਂ ਕਰ ਸਕੀ ਕਿ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਦਾ ਸਬੰਧ ਅਸਲ ਵਿੱਚ ਕਿਸ ਲੋਕ ਸੂਚਨਾ ਅਧਿਕਾਰੀ ਨਾਲ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣਾ ਜਵਾਬ ਹਲਫੀਆ-ਬਿਆਨ ਰਾਹੀਂ ਪੇਸ਼ ਕੀਤਾ ਜਾਵੇ ਕਿ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਦਾ ਸਬੰਧ ਅਸਲ ਵਿੱਚ ਕਿਸ ਲੋਕ ਸੂਚਨਾ ਅਧਿਕਾਰੀ ਨਾਲ ਹੈ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 06 ਅਗਸਤ, 2019.**

**ਕਾਪੀ:-**

ਲੋਕ ਸੂਚਨਾ ਅਧਿਕਾਰੀ-ਕਮ-
ਤਹਿਸੀਲਦਾਰ, ਲੁਧਿਆਣਾ (ਦੱਖਣੀ)।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੁਪਿੰਦਰ ਸਿੰਘ, (ਮੋਬ 94170-16572)
ਪੁੱਤਰ ਸ਼੍ਰੀ ਅਜੀਤ ਸਿੰਘ,
ਮਕਾਨ ਨੰ:23, ਆਤਮ ਨਗਰ,
ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਲੁਧਿਆਣਾ ਇੰਪਰੂਵਮੈਂਟ ਟੱਰਸਟ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਚੇਅਰਮੈਨ, ਲੁਧਿਆਣਾ ਇੰਪਰੂਵਮੈਂਟ ਟੱਰਸਟ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ 946/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਮੀਤ ਸਿੰਘ, ਜੂਨੀਅਰ ਸਹਾਇਕ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 12-07-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਲੁਧਿਆਣਾ ਇੰਪਰੂਵਮੈਂਟ ਟੱਰਸਟ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਾਡਲ ਟਾਊਨ ਐਕਸਟੈਨਸ਼ਨ ਪਾਰਟ-।।, ਲੁਧਿਆਣਾ ਇੰਪਰੂਵਮੈਂਟ ਟੱਰਸਟ ਸਕੀਮ ਵਿੱਚ ਬੁੱਕ ਕੀਤੇ ਗਏ 500 ਵਰਗ ਗਜ਼ ਦੇ ਪਲਾਟ #405-D ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 08-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-04-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 08-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 10-07-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਮੀਤ ਸਿੰਘ, ਜੂਨੀਅਰ ਸਹਾਇਕ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:1736, ਮਿਤੀ 09-07-2019 ਪੇਸ਼ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਅਪੀਲਕਰਤਾ ਨੂੰ ਮਿਤੀ 10-05-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਸਰਬਜੀਤ ਸਿੰਘ ਕਾਹਲੋਂ ਨੇ ਕਿਹਾ ਸੀ ਕਿ ਉੱਤਰਦਾਤਾ ਵੱਲੋਂ ਉਸ ਨੂੰ ਪਹਿਲਾਂ ਭੇਜੀ ਗਈ ਸੂਚਨਾ ਹੀ ਦੁਬਾਰਾ ਭੇਜੀ ਗਈ ਹੈ ਅਤੇ ਉਹ ਇਸ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਅਪੀਲਕਰਤਾ ਨੇ ਕਿਹਾ ਸੀ ਕਿ ਉੱਤਰਦਾਤਾ ਵੱਲੋਂ ਭੇਜੀ ਗਈ ਸੂਚਨਾ ਦੇ ਨੁਕਤਾ ਨੰ:7.1, 7.7 ਅਤੇ 7.8 ਬਾਰੇ ਭੇਜੀ ਗਈ ਸੂਚਨਾ ਸਹੀ ਨਹੀਂ ਹੈ ਅਤੇ ਉਸ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆ ਹਾਜ਼ਰ ਉੱਤਰਦਾਤਾ ਨੂੰ ਨੋਟ ਵੀ ਕਰਵਾ ਦਿੱਤੀਆਂ ਗਈਆਂ ਸਨ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਨੁਮਾਇੰਦੇ ਵੱਲੋਂ ਸੂਚਨਾ ਬਾਰੇ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:946/2019**

ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 06-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3.. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਅਧਿਕਾਰਿਤ ਨੁਮਾਇੰਦੇ, ਸ਼੍ਰੀ ਸਰਬਜੀਤ ਸਿੰਘ ਕਾਹਲੋਂ ਰਾਹੀਂ ਭੇਜੀ ਗਈ ਈ.ਮੇਲ, ਮਿਤੀ 05-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਵੱਲੋਂ ਪਿਛਲੀ ਪੇਸ਼ੀ ਤੇ ਹਾਜ਼ਰ ਉੱਤਰਦਾਤਾ ਨੂੰ ਨੋਟ ਕਰਵਾਈਆਂ ਗਈਆਂ ਤਰੁੱਟੀਆਂ ਸਬੰਧੀ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ।

4. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਮੀਤ ਸਿੰਘ, ਜੂਨੀਅਰ ਸਹਾਇਕ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:ਲਦਟ/ਆਰ.ਟੀ.ਆਈ./6137, ਮਿਤੀ 05-08-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਨੂੰ ਮੁਕੰਮਲ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਕਿ ਇਹ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਮਿਸਲ ਤੇ ਰੱਖ ਲਿਆ ਗਿਆ ਹੈ।

5. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਇਸ ਵਿੱਚ ਅਪੀਲਕਰਤਾ ਵੱਲੋਂ ਸੂਚਨਾ ਦੇ ਨੁਕਤਾ ਨੰ:7.7 ਬਾਰੇ ਦੱਸੀ ਗਈ ਤਰੁੱਟੀ ਬਾਰੇ ਜਵਾਬ ਸ਼ਾਮਿਲ ਨਹੀਂ ਹੈ।ਹਾਜ਼ਰ ਉੱਤਰਦਾਤਾ ਵੱਲੋਂ ਸੋਧੀ ਹੋਈ ਸੂਚਨਾ ਅਪੀਲਕਰਤਾ ਨੂੰ ਭੇਜਣ ਦਾ ਭਰੋਸਾ ਦਿੱਤਾ ਗਿਆ ਹੈ।ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਸੂਚਨਾ ਦੇ ਨੁਕਤਾ ਨੰ:7.7 ਬਾਰੇ ਦੱਸੀ ਗਈ ਤਰੁੱਟੀ ਬਾਰੇ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 06 ਅਗਸਤ, 2019.

ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਯੋਗੇਸ਼ ਭੰਡਾਰੀ, (ਮੋਬ 98141-20294)
ਐਸ 14 ਸੁੱਖਦਾ ਇੰਨਕਲੇਵ,
ਸਾਹਮਣੇ ਮਿਲਟਰੀ ਹਸਪਤਾਲ,
ਹਰਦੋਚੰਨੀ ਰੋਡ,
ਗੁਰਦਾਸਪੁਰ-143521 --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਅੰਮ੍ਰਿਤਸਰ, ਦਿਹਾਤੀ, ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਇੰਸਪੈਕਟਰ ਜਨਰਲ ਆਫ਼ ਪੁਲਿਸ,
ਬਾਰਡਰ ਜੋਨ੍ਹ, ਅੰਮ੍ਰਿਤਸਰ। ---------ਉੱਤਰਦਾਤਾ

**ਅਪੀਲ ਕੇਸ ਨੰ: 905/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. (97800-16624)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-10-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ,ਅੰਮ੍ਰਿਤਸਰ, ਦਿਹਾਤੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇਂ ਐਫ.ਆਈ.ਆਰ. ਨੰ:177/16, ਮਿਤੀ 05-11-2016 ਸਿਟੀ ਗੁਰਦਾਸਪੁਰ ਬਾਰੇ ਸ਼੍ਰੀ ਮਹਿਤਾਬ ਸਿੰਘ ਗਿੱਲ, ਚੇਅਰਮੈਨ, ਇੰਨਕੁਆਰੀ ਕਮਿਸ਼ਨ, ਮੁਹਾਲੀ ਵੱਲੋਂ ਮਾਰਕ ਕੀਤੀ ਗਈ ਸ਼੍ਰੀ ਰਾਜਬੀਰ ਸਿੰਘ, ਇੰਸਪੈਕਟਰ ਦੀ ਵਿਭਾਗੀ ਪੜਤਾਲ ਰਿਪੋਰਟ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 28-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-04-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 09-07-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. ਨੇ ਕਿਹਾ ਸੀ ਕਿ ਉਨਾਂ ਵੱਲੋਂ ਆਪਣੇ ਪੱਤਰ ਨੰ:27862-63/ਆਰ.ਟੀ.ਆਈ., ਮਿਤੀ 08-06-2019 ਰਾਹੀਂ ਅਪੀਲਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਹੈ। ਅਪੀਲਕਰਤਾ ਨੇ ਕਿਹਾ ਸੀ ਕਿ ਉਹ ਉੱਤਰਦਾਤਾ ਦੇ ਜਵਾਬ ਤੋਂ ਸੰਤੁਸ਼ਟ ਨਹੀਂ ਹੈ ਅਤੇ ਉਸ ਨੂੰ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਨੇ ਕਿਹਾ ਸੀ ਕਿ ਅਪੀਲਕਰਤਾ ਉਨ੍ਹਾਂ ਦੇ ਦਫ਼ਤਰ ਆ ਕੇ ਸਬੰਧਤ ਰਿਕਾਰਡ ਚੈੱਕ ਕਰ ਕੇ ਲੋੜੀਂਦੀ ਸੂਚਨਾ ਪ੍ਰਾਪਤ ਕਰ ਸਕਦਾ ਹੈ। ਦੋਵਾਂ ਧਿਰਾਂ ਵਿੱਚ ਕੁੱਝ ਵਿਚਾਰ-ਵਟਾਂਦਰੇ ਉਪਰੰਤ ਅਪੀਲਕਰਤਾ ਨੇ ਉੱਤਰਦਾਤਾ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟਾਈ ਸੀ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਜਾਣ ਤੇ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:905/2019**

ਆਰ.ਟੀ.ਆਈ., 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. ਨੇ ਆਪਣੇ ਬਿਆਨ, ਮਿਤੀ 06-08-2019 ਰਾਹੀਂ ਦੱਸਿਆ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 09-07-2019 ਅਨੁਸਾਰ ਅਪੀਲਕਰਤਾ ਉਨ੍ਹਾਂ ਦੇ ਦਫ਼ਤਰ ਸੂਚਨਾ ਪ੍ਰਾਪਤ ਕਰਨ ਲਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਇਸ ਬਾਰੇ ਕੋਈ ਟੈਲੀਫੋਨ ਹੀ ਕੀਤਾ ਗਿਆ ਹੈ।ਉਸ ਨੇ ਇਹ ਵੀ ਕਿਹਾ ਹੈ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਮੁਹੱਈਆ ਕੀਤੀ ਜਾ ਚੁੱਕੀ ਹੈ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਕੇਸ ਬੰਦ ਕਰਨ ਨਈ ਬੇਨਤੀ ਕੀਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਕਮਿਸ਼ਨ ਦੇ ਹੁਕਮ, ਮਿਤੀ 09-07-2019 ਅਨੁਸਾਰ ਉੱਤਰਦਾਤਾ ਦੇ ਦਫ਼ਤਰ ਸੂਚਨਾ ਪ੍ਰਾਪਤ ਕਰਨ ਲਈ ਨਹੀਂ ਗਿਆ।ਇਸ ਤੋ ਇਲਾਵਾ ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਇਹ ਜ਼ਾਹਿਰ ਹੁੰਦਾ ਹੈ ਕਿ ਉਹ ਪ੍ਰਾਪਤ ਸੂਚਨਾ ਤੋਂ ਸਤੁੰਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 06 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਲੱਖਾ ਸਿੰਘ ਆਜਾਦ, (ਮੋਬ 94635-70178)
ਪੁੱਤਰ ਸ਼੍ਰੀ ਮੰਗਲ ਸਿੰਘ,
ਪਿੰਡ ਤੇ ਡਾਕਖਾਨਾ ਰਈਆ ਖੁਰਦ,
ਵਾਰਡ ਨੰ:3, ਤਹਿਸੀਲ ਬਾਬਾ ਬਕਾਲਾ ਸਾਹਿਬ।
ਜ਼ਿਲ੍ਹਾ ਅੰਮ੍ਰਿਤਸਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ,ਪੁਲਿਸ,
ਅੰਮ੍ਰਿਤਸਰ (ਦਿਹਾਤੀ) ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ -ਕਮ-
ਇੰਸਪੈਕਟਰ ਜਨਰਲ ਆਫ਼ ਪੁਲਿਸ,
ਬੋਡਰ ਜ਼ੋਨ, ਅੰਮ੍ਰਿਤਸਰ। --------ਉੱਤਰਦਾਤਾ

**ਅਪੀਲ ਕੇਸ ਨੰ:1008/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਵੱਲੋਂ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. (97000-16624)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 09-07-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 28-06-2019 ਰਾਹੀਂ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਅਤੇ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. ਨੇ ਦੱਸਿਆ ਸੀ ਕਿ ਅਪੀਲਕਰਤਾ ਵੱਲੋਂ 11 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਹੈ ਜਿਨ੍ਹਾਂ ਵਿੱਚੋਂ ਅਜੇ 09 ਨੁਕਤਿਆਂ ਬਾਰੇ ਸੂਚਨਾ ਮੁਕੰਮਲ ਹੋਈ ਹੈ ਅਤੇ 2 ਨੁਕਤਿਆਂ ਬਾਰੇ ਅਜੇ ਪੜਤਾਲ ਲੰਬਿਤ ਹੈ।ਇਸ ਕਰਕੇ ਹਾਜ਼ਰ ਉੱਤਰਦਾਤਾ ਨੇ ਕੁੱਝ ਸਮੇਂ ਦੀ ਮੰਗ ਕੀਤੀ ਸੀ। ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਵੀ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਆਰ.ਟੀ.ਆਈ. ਐਕਟ ਤਹਿਤ ਬਣਦੀ ਨੁਕਤਾ-ਵਾਰ ਵਿਸਥਾਰ-ਪੂਰਵਕ ਸੂਚਨਾ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 06-08-2019 ਰਾਹੀਂ ਭੇਜੇ ਗਏ ਆਪਣੇ ਪੱਤਰ, ਮਿਤੀ 08-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਅਤੇ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. ਨੇ ਪੱਤਰ ਨੰ:40050/ ਆਰ.ਟੀ.ਆਈ., ਮਿਤੀ 05-08-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਰਾਹੀਂ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਮੁਕੰਮਲ ਸੂਚਨਾ ਪੇਸ਼ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:1008/2019**

ਹੈ।ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਅਪੀਲਕਰਤਾ ਨੂੰ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 06 ਅਗਸਤ, 2019.** | **ਰਾਜ ਸੂਚਨਾ ਕਮਿਸ਼ਨਰ, ਪੰਜਾਬ।**